ਸੂਹੀ ਮਹਲਾ ੩ ॥ ਜੇ ਲੋੜਹਿ ਵਰੁ ਬਾਲੜੀਏ ਤਾ ਗੁਰ ਚਰਣੀ ਚਿਤੁ ਲਾਏ ਰਾਮ ॥ ਸਦਾ ਹੋਵਹਿ ਸੋਹਾਗਣੀ ਹਰਿ ਜੀਉ ਮਰੈ ਨ ਜਾਏ ਰਾਮ ॥ ਹਰਿ ਜੀਉ ਮਰੈ ਨ ਜਾਏ ਗੁਰ ਕੈ ਸਹਜਿ ਸੁਭਾਏ ਸਾ ਧਨ ਕੰਤ ਪਿਆਰੀ ॥ ਸਚਿ ਸੰਜਮਿ ਸਦਾ ਹੈ ਨਿਰਮਲ ਗੁਰ ਕੈ ਸਬਦਿ ਸੀਗਾਰੀ ॥ ਮੇਰਾ ਪ੍ਰਭੁ ਸਾਚਾ ਸਦ ਹੀ ਸਾਚਾ ਜਿਨਿ ਆਪੇ ਆਪੁ ਉਪਾਇਆ ॥ ਨਾਨਕ ਸਦਾ ਪਿਰੁ ਰਾਵੇ ਆਪਣਾ ਜਿਨਿ ਗੁਰ ਚਰਣੀ ਚਿਤੁ ਲਾਇਆ ॥੧॥ {ਪੰਨਾ 771}

ਪਦਅਰਥ:- ਵਰੁ—ਖਸਮ-ਪ੍ਰਭੂ (ਦਾ ਮਿਲਾਪ)। ਬਾਲੜੀਏ—ਹੇ ਅੰਞਾਣ ਜੀਵ-ਇਸਤ੍ਰੀ! ਲਾਏ—ਲਾਇ। ਸੋਹਾਗਣੀ—ਸੁਹਾਗ-ਭਾਗ ਵਾਲੀ। ਜਾਏ—ਨਾਸ ਹੁੰਦਾ। ਗੁਰ ਕੈ—ਗੁਰੂ ਦੀ ਰਾਹੀਂ। ਸਹਜਿ—ਆਤਮਕ ਅਡੋਲਤਾ ਵਿਚ। ਸੁਭਾਏ—ਸੁਭਾਇ, ਪ੍ਰੇਮ ਵਿਚ। ਸਾਧਨ—ਜੀਵ-ਇਸਤ੍ਰੀ। ਸਚਿ—ਸਦਾ-ਥਿਰ ਹਰਿ-ਨਾਮ ਵਿਚ। ਸੰਜਮਿ—ਸੰਜਮ ਵਿਚ, ਬੰਦਸ਼ ਵਿਚ। ਗੁਰ ਕੈ ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ। ਸੀਗਾਰੀ—ਆਤਮਕ ਜੀਵਨ ਨੂੰ ਸੋਹਣਾ ਬਣਾਂਦੀ ਹੈ। ਸਾਚਾ—ਸਦਾ-ਥਿਰ ਰਹਿਣ ਵਾਲਾ। ਜਿਨਿ—ਜਿਸ (ਪ੍ਰਭੂ) ਨੇ। ਆਪੇ—ਆਪ ਹੀ। ਆਪੁ—ਆਪਣੇ ਆਪ ਨੂੰ। ਜਿਨਿ—ਜਿਸ ਜੀਵ-ਇਸਤ੍ਰੀ ਨੇ।1।

ਅਰਥ:- ਹੇ ਅੰਞਾਣ ਜੀਵ-ਇਸਤ੍ਰੀਏ! ਜੇ ਤੂੰ ਪ੍ਰਭੂ-ਪਤੀ ਦਾ ਮਿਲਾਪ ਚਾਹੁੰਦੀ ਹੈਂ, ਤਾਂ ਆਪਣੇ ਗੁਰੂ ਦੇ ਚਰਨਾਂ ਵਿਚ ਚਿੱਤ ਜੋੜ ਰੱਖ। ਤੂੰ ਸਦਾ ਲਈ ਸੁਹਾਗ-ਭਾਗ ਵਾਲੀ ਬਣ ਜਾਇੰਗੀ, (ਕਿਉਂਕਿ) ਪ੍ਰਭੂ-ਪਤੀ ਨਾਹ ਕਦੇ ਮਰਦਾ ਹੈ ਨਾਹ ਨਾਸ ਹੁੰਦਾ ਹੈ। ਪ੍ਰਭੂ-ਪਤੀ ਕਦੇ ਨਹੀਂ ਮਰਦਾ, ਕਦੇ ਨਾਸ ਨਹੀਂ ਹੁੰਦਾ। ਜੇਹੜੀ ਜੀਵ-ਇਸਤ੍ਰੀ ਗੁਰੂ ਦੀ ਰਾਹੀਂ ਆਤਮਕ ਅਡੋਲਤਾ ਵਿਚ ਪ੍ਰੇਮ ਵਿਚ ਲੀਨ ਰਹਿੰਦੀ ਹੈ, ਉਹ ਖਸਮ-ਪ੍ਰਭੂ ਨੂੰ ਪਿਆਰੀ ਲੱਗਦੀ ਹੈ। ਸਦਾ-ਥਿਰ ਪ੍ਰਭੂ ਵਿਚ ਜੁੜ ਕੇ, (ਵਿਕਾਰਾਂ ਵਲੋਂ) ਬੰਦਸ਼ ਵਿਚ ਰਹਿ ਕੇ, ਉਹ ਜੀਵ-ਇਸਤ੍ਰੀ ਪਵਿਤ੍ਰ ਜੀਵਨ ਵਾਲੀ ਹੋ ਜਾਂਦੀ ਹੈ, ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹ ਆਪਣੇ ਆਤਮਕ ਜੀਵਨ ਨੂੰ ਸੋਹਣਾ ਬਣਾ ਲੈਂਦੀ ਹੈ। ਹੇ ਸਹੇਲੀਏ! ਮੇਰਾ ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ, ਸਦਾ ਹੀ ਕਾਇਮ ਰਹਿਣ ਵਾਲਾ ਹੈ, ਉਸ ਨੇ ਆਪਣੇ ਆਪ ਨੂੰ ਆਪ ਹੀ ਪਰਗਟ ਕੀਤਾ ਹੋਇਆ ਹੈ। ਹੇ ਨਾਨਕ! ਜਿਸ ਜੀਵ-ਇਸਤ੍ਰੀ ਨੇ ਗੁਰੂ-ਚਰਨਾਂ ਵਿਚ ਆਪਣਾ ਮਨ ਜੋੜ ਲਿਆ, ਉਹ ਸਦਾ ਪ੍ਰਭੂ-ਪਤੀ ਦਾ ਮਿਲਾਪ ਮਾਣਦੀ ਹੈ।1।

ਪਿਰੁ ਪਾਇਅੜਾ ਬਾਲੜੀਏ ਅਨਦਿਨੁ ਸਹਜੇ ਮਾਤੀ ਰਾਮ ॥ ਗੁਰਮਤੀ ਮਨਿ ਅਨਦੁ ਭਇਆ ਤਿਤੁ ਤਨਿ ਮੈਲੁ ਨ ਰਾਤੀ ਰਾਮ ॥ ਤਿਤੁ ਤਨਿ ਮੈਲੁ ਨ ਰਾਤੀ ਹਰਿ ਪ੍ਰਭਿ ਰਾਤੀ ਮੇਰਾ ਪ੍ਰਭੁ ਮੇਲਿ ਮਿਲਾਏ ॥ ਅਨਦਿਨੁ ਰਾਵੇ ਹਰਿ ਪ੍ਰਭੁ ਅਪਣਾ ਵਿਚਹੁ ਆਪੁ ਗਵਾਏ ॥ ਗੁਰਮਤਿ ਪਾਇਆ ਸਹਜਿ ਮਿਲਾਇਆ ਅਪਣੇ ਪ੍ਰੀਤਮ ਰਾਤੀ ॥ ਨਾਨਕ ਨਾਮੁ ਮਿਲੈ ਵਡਿਆਈ ਪ੍ਰਭੁ ਰਾਵੇ ਰੰਗਿ ਰਾਤੀ ॥੨॥ {ਪੰਨਾ 771}

ਪਦਅਰਥ:- ਪਿਰੁ—ਪ੍ਰਭੂ-ਪਤੀ। ਅਨਦਿਨੁ—ਹਰ ਰੋਜ਼, ਹਰ ਵੇਲੇ। ਸਹਜੇ—ਆਤਮਕ ਅਡੋਲਤਾ ਵਿਚ। ਮਨਿ—ਮਨ ਵਿਚ। ਤਿਤੁ ਤਨਿ—ਉਸ ਸਰੀਰ ਵਿਚ। ਰਾਤੀ—ਰਤਾ ਭਰ ਭੀ। ਪ੍ਰਭਿ—ਪ੍ਰਭੂ ਵਿਚ। ਰਾਤੀ—ਮਸਤ। ਮੇਲਿ—ਮੇਲ ਵਿਚ, ਚਰਨਾਂ ਵਿਚ। ਆਪੁ—ਆਪਾ-ਭਾਵ। ਰਾਵੈ—ਮਾਣਦੀ ਹੈ। ਰੰਗਿ ਰਾਤੀ—ਪ੍ਰੇਮ-ਰੰਗ ਵਿਚ ਰੰਗੀ ਹੋਈ।2।

ਅਰਥ:- ਹੇ ਅੰਞਾਣ ਜੀਵ-ਇਸਤ੍ਰੀਏ! ਜੇਹੜੀ ਜੀਵ-ਇਸਤ੍ਰੀ ਪ੍ਰਭੂ-ਪਤੀ ਦਾ ਮਿਲਾਪ ਹਾਸਲ ਕਰ ਲੈਂਦੀ ਹੈ, ਉਹ ਹਰ ਵੇਲੇ ਆਤਮਕ ਅਡੋਲਤਾ ਵਿਚ ਮਸਤ ਰਹਿੰਦੀ ਹੈ। ਗੁਰੂ ਦੀ ਮਤਿ ਦਾ ਸਦਕਾ ਉਸ ਦੇ ਮਨ ਵਿਚ ਆਨੰਦ ਬਣਿਆ ਰਹਿੰਦਾ ਹੈ, (ਉਸ ਦੇ) ਉਸ ਸਰੀਰ ਵਿਚ (ਵਿਕਾਰਾਂ ਦੀ) ਰਤਾ ਭਰ ਭੀ ਮੈਲ ਨਹੀਂ ਹੁੰਦੀ। (ਉਸ ਦੇ) ਉਸ ਸਰੀਰ ਵਿਚ ਰਤਾ ਭਰ ਭੀ ਮੈਲ ਨਹੀਂ ਹੁੰਦੀ, ਉਹ ਪ੍ਰਭੂ (ਦੇ ਪ੍ਰੇਮ-ਰੰਗ) ਵਿਚ ਰੰਗੀ ਰਹਿੰਦੀ ਹੈ ਪ੍ਰਭੂ ਉਸ ਨੂੰ ਆਪਣੇ ਚਰਨਾਂ ਵਿਚ ਮਿਲਾ ਲੈਂਦਾ ਹੈ। ਉਹ ਜੀਵ-ਇਸਤ੍ਰੀ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਕੇ ਹਰ ਵੇਲੇ ਆਪਣੇ

ਹਰਿ-ਪ੍ਰਭੂ ਨੂੰ ਸਿਮਰਦੀ ਰਹਿੰਦੀ ਹੈ। ਗੁਰੂ ਦੀ ਸਿੱਖਿਆ ਨਾਲ ਉਹ ਪ੍ਰਭੂ ਨੂੰ ਮਿਲ ਪੈਂਦੀ ਹੈ, ਗੁਰੂ ਉਸ ਨੂੰ ਆਤਮਕ ਅਡੋਲਤਾ ਵਿਚ ਟਿਕਾ ਦੇਂਦਾ ਹੈ, ਉਹ ਆਪਣੇ ਪ੍ਰੀਤਮ-ਪ੍ਰਭੂ ਦੇ ਰੰਗ ਵਿਚ ਰੰਗੀ ਜਾਂਦੀ ਹੈ। ਹੇ ਨਾਨਕ! ਉਸ ਨੂੰ ਹਰਿ-ਨਾਮ ਮਿਲ ਜਾਂਦਾ ਹੈ, ਇੱਜ਼ਤ ਮਿਲ ਜਾਂਦੀ ਹੈ, ਉਹ ਪ੍ਰੇਮ-ਰੰਗ ਵਿਚ ਰੰਗੀ ਹੋਈ ਹਰ ਵੇਲੇ ਪ੍ਰਭੂ ਦਾ ਸਿਮਰਨ ਕਰਦੀ ਹੈ।2।

**ਪਿਰੁ ਰਾਵੇ ਰੰਗਿ ਰਾਤੜੀਏ ਪਿਰ ਕਾ ਮਹਲੁ ਤਿਨ ਪਾਇਆ ਰਾਮ ॥ ਸੋ ਸਹੋ ਅਤਿ ਨਿਰਮਲੁ ਦਾਤਾ ਜਿਨਿ ਵਿਚਹੁ ਆਪੁ ਗਵਾਇਆ ਰਾਮ ॥ ਵਿਚਹੁ ਮੋਹੁ ਚੁਕਾਇਆ ਜਾ ਹਰਿ ਭਾਇਆ ਹਰਿ ਕਾਮਣਿ ਮਨਿ ਭਾਣੀ ॥ ਅਨਦਿਨੁ ਗੁ ਣ ਗਾਵੈ ਨਿਤ ਸਾਚੇ ਕਥੇ ਅਕਥ ਕਹਾਣੀ ॥ ਜੁਗ ਚਾਰੇ ਸਾਚਾ ਏਕੋ ਵਰਤੈ ਬਿਨੁ ਗੁਰ ਕਿਨੈ ਨ ਪਾਇਆ ॥ ਨਾਨਕ ਰੰਗਿ ਰਵੈ ਰੰਗਿ ਰਾਤੀ ਜਿਨਿ ਹਰਿ ਸੇਤੀ ਚਿਤੁ ਲਾਇਆ ॥੩॥** {ਪੰਨਾ 771}

ਪਦਅਰਥ:- ਰਾਵੇ—ਮਿਲਾਪ ਮਾਣਦੀ ਹੈ, ਸਿਮਰਨ ਕਰਦੀ ਹੈ। ਰੰਗਿ ਰਾਤੜੀਏ—ਹੇ ਪ੍ਰੇਮ-ਰੰਗ ਵਿਚ ਰੰਗੀ ਹੋਈ ਜੀਵ-ਇਸਤ੍ਰੀ! ਮਹਲੁ—ਹਜ਼ੂਰੀ। ਤਿਨ—ਉਸ (ਜੀਵ-ਇਸਤ੍ਰੀ) ਨੇ। ਸਹੋ—ਸਹੁ, ਸ਼ਹੁ। ਜਿਨਿ—ਜਿਸ (ਜੀਵ-ਇਸਤ੍ਰੀ) ਨੇ। ਆਪੁ—ਆਪਾ-ਭਾਵ। ਹਰਿ ਮਨਿ—ਹਰੀ ਦੇ ਮਨ ਵਿਚ। ਕਾਮਣਿ—ਜੀਵ-ਇਸਤ੍ਰੀ। ਭਾਣੀ—ਪਸੰਦ ਆਈ। ਅਕਥ—ਜਿਸ ਦਾ ਸਰੂਪ ਬਿਆਨ ਨਾਹ ਕੀਤਾ ਜਾ ਸਕੇ। ਕਿਨੈ—ਕਿਸ ਨੇ ਭੀ। ਰਵੈ—ਸਿਮਰਦੀ ਹੈ। ਜਿਨਿ—ਜਿਸ (ਜੀਵ-ਇਸਤ੍ਰੀ) ਨੇ। ਸੇਤੀ—ਨਾਲ।3।

ਅਰਥ:- ਹੇ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੀ ਹੋਈ ਜੀਵ-ਇਸਤ੍ਰੀਏ! ਜੇਹੜੀ ਜੀਵ-ਇਸਤ੍ਰੀ ਪ੍ਰਭੂ-ਪਤੀ ਨੂੰ ਹਰ ਵੇਲੇ ਸਿਮਰਦੀ ਹੈ, ਜਿਸ ਨੇ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਦਿੱਤਾ ਹੈ, ਉਸ ਨੇ ਉਸ ਪ੍ਰਭੂ ਦੀ ਹਜ਼ੂਰੀ ਪ੍ਰਾਪਤ ਕਰ ਲਈ ਹੈ ਜੇਹੜਾ ਬਹੁਤ ਪਵਿਤ੍ਰ ਹੈ, ਤੇ, ਸਭ ਦਾਤਾਂ ਦੇਣ ਵਾਲਾ ਹੈ।

ਜਦੋਂ ਪ੍ਰਭੂ ਦੀ ਰਜ਼ਾ ਹੁੰਦੀ ਹੈ, ਤਦੋਂ ਜੀਵ-ਇਸਤ੍ਰੀ ਆਪਣੇ ਅੰਦਰੋਂ ਮੋਹ ਦੂਰ ਕਰਦੀ ਹੈ, ਤੇ, ਪ੍ਰਭੂ ਦੇ ਮਨ ਵਿਚ ਪਿਆਰੀ ਲੱਗਣ ਲੱਗ ਪੈਂਦੀ ਹੈ। ਫਿਰ ਉਹ ਹਰ ਵੇਲੇ ਸਦਾ-ਥਿਰ ਪ੍ਰਭੂ ਦੇ ਗੁਣ ਗਾਂਦੀ ਰਹਿੰਦੀ ਹੈ, ਅਤੇ ਉਸ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਕਰਦੀ ਹੈ ਜਿਸ ਦਾ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ।

ਹੇ ਸਹੇਲੀਏ! ਚੌਹਾਂ ਜੁਗਾਂ ਵਿਚ ਉਹ ਸਦਾ-ਥਿਰ ਪ੍ਰਭੂ ਆਪ ਹੀ ਆਪਣਾ ਹੁਕਮ ਵਰਤਾ ਰਿਹਾ ਹੈ, ਪਰ ਗੁਰੂ ਦੀ ਸਰਨ ਤੋਂ ਬਿਨਾ ਕਿਸੇ ਨੇ ਭੀ ਉਸ ਦਾ ਮਿਲਾਪ ਪ੍ਰਾਪਤ ਨਹੀਂ ਕੀਤਾ। ਹੇ ਨਾਨਕ! ਜਿਸ ਜੀਵ-ਇਸਤ੍ਰੀ ਨੇ ਪਰਮਾਤਮਾ ਨਾਲ ਆਪਣਾ ਮਨ ਜੋੜ ਲਿਆ, ਉਹ ਉਸ ਦੇ ਪ੍ਰੇਮ-ਰੰਗ ਵਿਚ ਰੰਗੀ ਹੋਈ ਉਸ ਦੇ ਪ੍ਰੇਮ ਵਿਚ ਉਸ ਦਾ ਸਿਮਰਨ ਕਰਦੀ ਹੈ।3।

**ਕਾਮਣਿ ਮਨਿ ਸੋਹਿਲੜਾ ਸਾਜਨ ਮਿਲੇ ਪਿਆਰੇ ਰਾਮ ॥ ਗੁਰਮਤੀ ਮਨੁ ਨਿਰਮਲੁ ਹੋਆ ਹਰਿ ਰਾਖਿਆ ਉਰਿ ਧਾਰੇ ਰਾਮ ॥ ਹਰਿ ਰਾਖਿਆ ਉਰਿ ਧਾਰੇ ਅਪਨਾ ਕਾਰਜੁ ਸਵਾਰੇ ਗੁਰਮਤੀ ਹਰਿ ਜਾਤਾ ॥ ਪ੍ਰੀਤਮਿ ਮੋਹਿ ਲਇਆ ਮਨੁ ਮੇਰਾ ਪਾਇਆ ਕਰਮ ਬਿਧਾਤਾ ॥ ਸਤਿਗੁਰੁ ਸੇਵਿ ਸਦਾ ਸੁਖੁ ਪਾਇਆ ਹਰਿ ਵਸਿਆ ਮੰਨਿ ਮੁਰਾਰੇ ॥ ਨਾਨਕ ਮੇਲਿ ਲਈ ਗੁਰਿ ਅਪੁਨੈ ਗੁਰ ਕੈ ਸਬਦਿ ਸਵਾਰੇ ॥੪॥੫॥੬॥** {ਪੰਨਾ 772}

ਪਦਅਰਥ:- ਕਾਮਣਿ ਮਨਿ—(ਉਸ) ਜੀਵ-ਇਸਤ੍ਰੀ ਦੇ ਮਨ ਵਿਚ। ਸੋਹਿਲੜਾ—ਆਨੰਦ, ਖ਼ੁਸ਼ੀ। ਸਾਜਨ—ਸੱਜਣ ਪ੍ਰਭੂ ਜੀ। ਗੁਰਮਤੀ—ਗੁਰੂ ਦੀ ਮਤਿ ਉਤੇ ਤੁਰ ਕੇ। ਨਿਰਮਲ—ਪਵਿੱਤ੍ਰ। ਉਰਿ—ਹਿਰਦੇ ਵਿਚ। ਧਾਰੇ—ਧਾਰਿ, ਟਿਕਾ ਕੇ। ਕਾਰਜੁ—ਕੰਮ, ਜਨਮ-ਮਨੋਰਥ। ਜਾਤਾ—ਡੂੰਘੀ ਸਾਂਝ ਪਾ ਲਈ। ਪ੍ਰੀਤਮਿ—ਪ੍ਰੀਤਮ-ਪ੍ਰਭੂ ਨੇ। ਮਨੁ ਮੇਰਾ—'ਮੇਰਾ ਮੇਰਾ' ਕਰਨ ਵਾਲਾ ਮਨ। ਕਰਮ ਬਿਧਾਤਾ—ਜੀਵਾਂ ਦੇ ਕਰਮਾਂ ਅਨੁਸਾਰ ਪੈਦਾ ਕਰਨ ਵਾਲਾ।

ਸੇਵਿ—ਸਰਨ ਪੈ ਕੇ। ਮੰਨਿ—ਮਨਿ, ਮਨ ਵਿਚ। ਮੁਰਾਰੇ—{ਮੁਰ-ਅਰਿ। ਮੁਰ ਦੈਂਤ ਦਾ ਵੈਰੀ} ਪਰਮਾਤਮਾ। ਗੁਰਿ—ਗੁਰੂ ਨੇ। ਕੈ ਸਬਦਿ—ਦੇ ਸ਼ਬਦ ਦੀ ਰਾਹੀਂ। ਸਵਾਰੇ—(ਜੀਵਨ) ਸੋਹਣਾ ਬਣਾ ਲਿਆ।4।

ਅਰਥ:- ਜਿਸ ਜੀਵ-ਇਸਤ੍ਰੀ ਨੂੰ ਪਿਆਰੇ ਸੱਜਣ ਪ੍ਰਭੂ ਜੀ ਮਿਲ ਪੈਂਦੇ ਹਨ, ਉਸ ਦੇ ਮਨ ਵਿਚ ਆਨੰਦ ਬਣਿਆ ਰਹਿੰਦਾ ਹੈ। ਗੁਰੂ ਦੀ ਮਤਿ ਉਤੇ ਤੁਰ ਕੇ ਉਸ ਦਾ ਮਨ ਪਵਿੱਤ੍ਰ ਹੋ ਜਾਂਦਾ ਹੈ, ਉਹ ਆਪਣੇ ਹਿਰਦੇ ਵਿਚ ਹਰਿ-ਪ੍ਰਭੂ ਨੂੰ ਟਿਕਾ ਰੱਖਦੀ ਹੈ। ਉਹ ਜੀਵ-ਇਸਤ੍ਰੀ ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦੀ ਹੈ, ਇਸ ਤਰ੍ਹਾਂ ਆਪਣਾ ਜੀਵਨ-ਮਨੋਰਥ ਸੰਵਾਰ ਲੈਂਦੀ ਹੈ, ਗੁਰੂ ਦੀ ਸਿੱਖਿਆ ਦੀ ਬਰਕਤਿ ਨਾਲ ਉਹ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲੈਂਦੀ ਹੈ। ਉਸ ਦਾ ਮਨ ਜੋ ਪਹਿਲਾਂ ਮਮਤਾ ਵਿਚ ਫਸਿਆ ਹੋਇਆ ਸੀ, ਪ੍ਰੀਤਮ-ਪ੍ਰਭੂ ਨੇ ਆਪਣੇ ਵੱਸ ਵਿਚ ਕਰ ਲਿਆ, ਤੇ, ਉਸ ਜੀਵ-ਇਸਤ੍ਰੀ ਨੇ ਸਿਰਜਣਹਾਰ ਪ੍ਰਭੂ ਨਾਲ ਮਿਲਾਪ ਪ੍ਰਾਪਤ ਕਰ ਲਿਆ। ਗੁਰੂ ਦੀ ਸਰਨ ਪੈ ਕੇ ਉਸ ਜੀਵ-ਇਸਤ੍ਰੀ ਨੇ ਸਦਾ-ਆਤਮਕ ਆਨੰਦ ਮਾਣਿਆ ਹੈ, ਮੁਰਾਰੀ-ਪ੍ਰਭੂ ਉਸ ਦੇ ਮਨ ਵਿਚ ਆ ਵੱਸਿਆ ਹੈ। ਹੇ ਨਾਨਕ! ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਸ ਜੀਵ-ਇਸਤ੍ਰੀ ਨੇ ਆਪਣਾ ਜੀਵਨ ਸੋਹਣਾ ਬਣਾ ਲਿਆ ਹੈ, ਪਿਆਰੇ ਗੁਰੂ ਨੇ ਉਸ ਨੂੰ ਪ੍ਰਭੂ-ਚਰਨਾਂ ਵਿਚ ਜੋੜ ਦਿੱਤਾ ਹੈ।4।5।6।